**ਬਸੰਤੁ ਹਿੰਡੋਲ ਮਹਲਾ ੧ ॥ ਰਾਜਾ ਬਾਲਕੁ ਨਗਰੀ ਕਾਚੀ ਦੁਸਟਾ ਨਾਲਿ ਪਿਆਰੋ ॥ ਦੁਇ ਮਾਈ ਦੁਇ ਬਾਪਾ ਪੜੀਅਹਿ ਪੰਡਿਤ ਕਰਹੁ ਬੀਚਾਰੋ ॥ ੧॥ ਸੁਆਮੀ ਪੰਡਿਤਾ ਤੁਮ੍ ਦੇਹੁ ਮਤੀ ॥ ਕਿਨ ਬਿਧਿ ਪਾਵਉ ਪ੍ਰਾਨਪਤੀ ॥੧॥ ਰਹਾਉ ॥ ਭੀਤਰਿ ਅਗਨਿ ਬਨਾਸਪਤਿ ਮਉਲੀ ਸਾਗਰੁ ਪੰਡੈ ਪਾਇਆ ॥ ਚੰਦੁ ਸੂਰਜੁ ਦੁਇ ਘਰ ਹੀ ਭੀਤਰਿ ਐਸਾ ਗਿਆਨੁ ਨ ਪਾਇਆ ॥੨॥ ਰਾਮ ਰਵੰਤਾ ਜਾਣੀਐ ਇਕ ਮਾਈ ਭੋਗੁ ਕਰੇਇ ॥ ਤਾ ਕੇ ਲਖਣ ਜਾਣੀਅਹਿ ਖਿਮਾ ਧਨੁ ਸੰਗ੍ਰਹੇਇ ॥ ੩॥ ਕਹਿਆ ਸੁਣਹਿ ਨ ਖਾਇਆ ਮਾਨਹਿ ਤਿਨ੍ਾ ਹੀ ਸੇਤੀ ਵਾਸਾ ॥ ਪ੍ਰਣਵਤਿ ਨਾਨਕੁ ਦਾਸਨਿ ਦਾਸਾ ਖਿਨੁ ਤੋਲਾ ਖਿਨੁ ਮਾਸਾ ॥੪॥੩॥੧੧॥** {ਪੰਨਾ 1171}

ਪਦਅਰਥ:- ਰਾਜਾ—ਹੁਕਮ ਚਲਾਣ ਵਾਲਾ, ਮਨ। ਬਾਲਕੁ—ਅੰਞਾਣ। ਕਾਚੀ—ਕੱਚੀ, ਮਿੱਟੀ ਆਦਿਕ ਦੀ ਬਣੀ ਹੋਈ ਜੋ ਬਾਹਰੋਂ ਆਏ ਵੈਰੀਆਂ ਦੇ ਹੱਲੇ ਦਾ ਟਾਕਰਾ ਨਾਹ ਕਰ ਸਕੇ। ਦੁਸਟ—ਦੁਰਜਨ, ਭੈੜੇ। ਮਾਈ—ਮਾਂ। ਦੁਇ ਮਾਈ—ਦੋ ਮਾਵਾਂ (ਬੁੱਧੀ ਅਤੇ ਅਵਿੱਦਿਆ)। ਨੋਟ! ਮਨ ਵਿਚ ਦੋ ਕਿਸਮਾਂ ਦੇ ਸੰਸਕਾਰ ਮੌਜੂਦ ਰਹਿੰਦੇ ਹਨ, ਭਲੇ ਭੀ ਅਤੇ ਮੰਦੇ ਭੀ। ਭਲੇ ਸੰਸਕਾਰ ਉਹਨਾਂ ਕੰਮਾਂ ਦਾ ਸਿੱਟਾ ਹੁੰਦੇ ਹਨ ਜੋ ਮਨੁੱਖ ਸ੍ਰੇਸ਼ਟ ਬੁੱਧੀ ਦੀ ਅਗਵਾਈ ਵਿਚ ਕਰਦਾ ਹੈ। ਮੰਦੇ ਕੰਮ ਅਵਿੱਦਿਆ ਦੇ ਅਧੀਨ ਰਿਹਾਂ ਹੁੰਦੇ ਹਨ। ਤਾਂ ਤੇ ਬੁੱਧੀ ਅਤੇ ਅਵਿੱਦਿਆ ਮਨ ਦੀਆਂ ਦੋ ਮਾਂਵਾਂ ਹਨ। ਦੁਇ ਬਾਪਾ—ਦੋ ਪਿਉ (ਪਰਮਾਤਮਾ ਅਤੇ ਮਾਇਆ-ਵੇੜ੍ਹਿਆ ਈਸ਼੍ਵਰ)। ਪੜੀਅਹਿ—ਪੜ੍ਹੇ ਜਾਂਦੇ ਹਨ, ਦੱਸੇ ਜਾਂਦੇ ਹਨ। ਪੰਡਿਤ—ਹੇ ਪੰਡਿਤ!।1।

ਕਿਨ ਬਿਧਿ—ਕਿਸ ਤਰੀਕੇ ਨਾਲ? ਪਾਵਉ—ਮੈਂ ਪਾ ਸਕਾਂ।1। ਰਹਾਉ।

ਭੀਤਰਿ—(ਬਨਸਪਤੀ ਦੇ) ਅੰਦਰ। ਮਉਲੀ—ਮੌਲਦੀ ਰਹਿੰਦੀ ਹੈ, ਹਰੀ-ਭਰੀ ਰਹਿੰਦੀ ਹੈ। ਸਾਗਰੁ—ਸਮੁੰਦਰ। ਪੰਡੈ—ਪੰਡ ਵਿਚ। ਚੰਦੁ—ਸੀਤਲਤਾ। ਸੂਰਜੁ—ਰੱਬੀ ਤੇਜ। ਘਰ ਹੀ ਭੀਤਰਿ—ਹਿਰਦੇ-ਘਰ ਦੇ ਅੰਦਰ ਹੀ। ਗਿਆਨੁ—ਸਮਝ।2।

ਰਵੰਤਾ—ਸਿਮਰਦਾ। ਜਾਣੀਐ—ਸਮਝਣਾ ਚਾਹੀਦਾ ਹੈ। ਇਕ ਮਾਈ—(ਦੋ ਮਾਂਵਾਂ ਵਿਚੋਂ) ਇਕ ਮਾਂ ਅਵਿੱਦਿਆ ਨੂੰ। ਭੋਗੁ ਕਰੇਇ—ਖਾ ਜਾਏ, ਮੁਕਾ ਦੇਵੇ। ਤਾ ਕੇ ਲਖਣ—ਉਸ ਦੇ ਲੱਛਣ, ਉਸ ਦੀਆਂ ਨਿਸ਼ਾਨੀਆਂ। ਖਿਮਾ—ਦੂਜਿਆਂ ਦੀ ਵਧੀਕੀ ਨੂੰ ਠੰਢੇ-ਚਿੱਤ ਸਹਾਰਨ ਦਾ ਗੁਣ। ਸੰਗ੍ਰਹੇਇ—ਇਕੱਠਾ ਕਰਦਾ ਹੈ।3।

ਕਹਿਆ—ਦੱਸੀ ਹੋਈ ਨਸੀਹਤ। ਨ ਖਾਇਆ ਮਾਨਹਿ—ਇਹ ਨਹੀਂ ਮੰਨਦੇ ਕਿ ਅਸਾਂ ਕੁਝ ਖਾਧਾ ਹੈ (ਭਾਵ, ਸਦਾ ਤ੍ਰਿਸ਼ਨਾਲੂ ਰਹਿੰਦੇ ਹਨ, ਵਿਸ਼ੇ ਵਿਕਾਰਾਂ ਵਲੋਂ ਕਦੇ ਰੱਜਦੇ ਨਹੀਂ)। ਸੇਤੀ—ਨਾਲ। ਖਿਨੁ—ਖਿਨ ਵਿਚ। ਮਾਸਾ—ਤੋਲੇ ਦਾ ਬਾਰ੍ਹਵਾਂ ਹਿੱਸਾ।4।

ਅਰਥ:- ਹੇ ਪੰਡਿਤ ਜੀ ਮਹਾਰਾਜ! ਤੁਸੀ ਤਾਂ ਹੋਰ ਹੋਰ ਤਰ੍ਹਾਂ ਦੀ ਸਿੱਖਿਆ ਦੇ ਰਹੇ ਹੋ, (ਅਜੇਹੀ ਦਿੱਤੀ ਮਤਿ ਨਾਲ) ਮੈਂ ਆਪਣੇ ਪ੍ਰਾਣਾਂ ਦੇ ਮਾਲਕ ਪਰਮਾਤਮਾ ਨੂੰ ਕਿਵੇਂ ਮਿਲ ਸਕਦਾ ਹਾਂ?।1। ਰਹਾਉ।

ਹੇ ਪੰਡਿਤ! (ਜੇ ਕੋਈ ਵਿਚਾਰ ਦੀ ਗੱਲ ਕਰਨੀ ਹੈ ਤਾਂ) ਇਹ ਸੋਚੋ ਕਿ (ਸਰੀਰ-ਨਗਰੀ ਉਤੇ) ਰਾਜ ਕਰਨ ਵਾਲਾ ਮਨ ਅੰਞਾਣ ਹੈ, ਇਹ ਸਰੀਰ-ਨਗਰ ਭੀ ਕੱਚਾ ਹੈ (ਬਾਹਰੋਂ ਵਿਕਾਰਾਂ ਦੇ ਹੱਲਿਆਂ ਦਾ ਟਾਕਰਾ ਕਰਨ-ਜੋਗਾ ਨਹੀਂ ਹੈ ਕਿਉਂਕਿ ਗਿਆਨ-ਇੰਦ੍ਰੇ ਕਮਜ਼ੋਰ ਹਨ)। (ਫਿਰ ਇਸ ਅੰਞਾਣ ਮਨ ਦਾ) ਪਿਆਰ ਭੀ ਕਾਮਾਦਿਕ ਭੈੜੇ ਸਾਥੀਆਂ ਨਾਲ ਹੀ ਹੈ। ਇਸ ਦੀਆਂ ਮਾਵਾਂ ਭੀ ਦੋ ਸੁਣੀਦੀਆਂ ਹਨ (ਬੁੱਧੀ ਅਤੇ ਅਵਿੱਦਿਆ), ਇਸ ਦੇ ਪਿਉ ਭੀ ਦੋ ਹੀ ਦੱਸੀਦੇ ਹਨ (ਪਰਮਾਤਮਾ ਅਤੇ ਮਾਇਆ-ਵੇੜ੍ਹਿਆ ਜੀਵਾਤਮਾ। ਆਮ ਤੌਰ ਤੇ ਇਹ ਅੰਞਾਣ ਮਨ ਅਵਿੱਦਿਆ ਅਤੇ ਮਾਇਆ-ਵੇੜ੍ਹੇ ਜੀਵਾਤਮਾ ਦੇ ਵਹੇ ਚੜ੍ਹਿਆ ਰਹਿੰਦਾ ਹੈ)।1।

(ਹੇ ਪੰਡਿਤ! ਤੂੰ ਤਾਂ ਹੋਰ ਹੋਰ ਕਿਸਮ ਦੀ ਮਤਿ ਦੇ ਰਿਹਾ ਹੈਂ, ਤੇਰੀ ਦਿੱਤੀ ਸਿੱਖਿਆ ਨਾਲ ਅੰਞਾਣ ਮਨ ਨੂੰ) ਇਹ

ਸਮਝ ਨਹੀਂ ਆਉਂਦੀ ਕਿ ਸੀਤਲਤਾ (-ਸ਼ਾਂਤੀ) ਅਤੇ ਰੱਬੀ ਤੇਜ ਦੋਵੇਂ ਮਨੁੱਖਾ ਸਰੀਰ ਦੇ ਅੰਦਰ ਮੌਜੂਦ ਹਨ। (ਸਮਝ ਨਾਹ ਆ ਸਕਣ ਦਾ ਕਾਰਨ ਇਹ ਹੈ ਕਿ) ਸਰੀਰ ਦੇ ਅੰਦਰ ਵਿਕਾਰਾਂ ਦੀ ਅੱਗ (ਮਚੀ ਹੋਈ ਹੈ) ਜਵਾਨੀ ਭੀ ਲਹਿਰਾਂ ਲੈ ਰਹੀ ਹੈ (ਜਿਵੇਂ ਹਰੀ-ਭਰੀ ਬਨਸਪਤੀ ਦੇ ਅੰਦਰ ਅੱਗ ਲੁਕੀ ਰਹਿੰਦੀ ਹੈ), ਮਾਇਕ ਵਾਸਨਾਂ ਦਾ ਸਮੁੰਦਰ ਇਸ ਸਰੀਰ ਦੇ ਅੰਦਰ ਠਾਠਾਂ ਮਾਰ ਰਿਹਾ ਹੈ (ਮਾਨੋ, ਸਮੁੰਦਰ ਇਕ ਪਿੰਡ ਵਿਚ ਲੁਕਿਆ ਪਿਆ ਹੈ। ਸੋ, ਸਿੱਖਿਆ ਤਾਂ ਉਹ ਚਾਹੀਦੀ ਹੈ ਜੋ ਇਸ ਅੰਦਰਲੇ ਹੜ੍ਹ ਨੂੰ ਰੋਕ ਸਕੇ)।2।

ਉਹੀ ਮਨੁੱਖ ਪਰਮਾਤਮਾ ਦਾ ਸਿਮਰਨ ਕਰਦਾ ਸਮਝਿਆ ਜਾ ਸਕਦਾ ਹੈ ਜੋ (ਬੁੱਧੀ ਤੇ ਅਵਿੱਦਿਆ ਦੋ ਮਾਂਵਾਂ ਵਿਚੋਂ) ਇਕ ਮਾਂ (ਅਵਿੱਦਿਆ ਨੂੰ) ਮੁਕਾ ਦੇਵੇ। (ਜੇਹੜਾ ਮਨੁੱਖ ਅਵਿੱਦਿਆ-ਮਾਂ ਨੂੰ ਮੁਕਾਂਦਾ ਹੈ) ਉਸ ਦੇ (ਰੋਜ਼ਾਨਾ ਜੀਵਨ ਦੇ) ਲੱਛਣ ਇਹ ਦਿੱਸਦੇ ਹਨ ਕਿ ਉਹ ਦੂਜਿਆਂ ਦੀ ਵਧੀਕੀ ਠੰਢੇ-ਜਿਗਰੇ ਸਹਾਰਨ ਦਾ ਆਤਮਕ ਧਨ (ਸਦਾ) ਇਕੱਠਾ ਕਰਦਾ ਹੈ।3।

(ਹੇ ਪ੍ਰਭੂ! ਤੇਰੇ) ਦਾਸਾਂ ਦਾ ਦਾਸ ਨਾਨਕ ਬੇਨਤੀ ਕਰਦਾ ਹੈ (ਕਿ ਇਨਸਾਨੀ ਮਨ ਬੇ-ਵੱਸ ਹੈ) ਇਸ ਦਾ ਸੰਗ ਸਦਾ ਉਹਨਾਂ (ਗਿਆਨ-ਇੰਦ੍ਰਿਆਂ) ਨਾਲ ਰਹਿੰਦਾ ਹੈ ਜੋ ਕੋਈ ਸਿੱਖਿਆ ਸੁਣਦੇ ਹੀ ਨਹੀਂ ਹਨ ਅਤੇ ਜੋ ਵਿਸ਼ੇ-ਵਿਕਾਰਾਂ ਵਲੋਂ ਕਦੇ ਰੱਜਦੇ ਭੀ ਨਹੀਂ ਹਨ। (ਇਹੀ ਕਾਰਨ ਹੈ ਕਿ ਇਹ ਮਨ) ਕਦੇ ਤੋਲਾ ਹੋ ਜਾਂਦਾ ਹੈ, ਕਦੇ ਮਾਸਾ ਰਹਿ ਜਾਂਦਾ ਹੈ (ਕਦੇ ਮੁਕਾਬਲਾ ਕਰਨ ਦੀ ਹਿੰਮਤ ਕਰਦਾ ਹੈ ਤੇ ਕਦੇ ਘਬਰਾ ਜਾਂਦਾ ਹੈ)।4।3।11।